## ਪੰਜਾਬ ਸਕੂਲ ਸਿੱਖਿਆ ਬੋਰਡ

## ਪ੍ਰੈਸ ਨੋਟ

ਬੋਰਡ ਦਫ਼ਤਰ ਵੱਲੋਂ ਪੰਜਾਬੀ ਵਾਧੂ ਵਿਸ਼ਾ ਸੈਸ਼ਨ 2023-24 ਦੀ ਚੌਥੀ ਤਿਮਾਹੀ ਦੀ ਪ੍ਰੀਖਿਆ ਲੈਣ ਲਈ ਮਿਤੀ: 30-01-2024 ਅਤੇ 31-01-2024 ਨਿਸ਼ਚਿਤ ਕੀਤੀ ਗਈ ਹੈ। ਪ੍ਰੀਖਿਆ ਫਾਰਮ ਬੋਰਡ ਦੀ ਵੈਬਸਾਈਟ www.pseb.ac.in ਤੇ ਮਿਤੀ: 01-01-2024 ਤੋਂ ਉਪਲਬੱਧ ਹੋਣਗੇ । ਆਨਲਾਈਨ ਪ੍ਰੀਖਿਆ ਫਾਰਮ ਹਰ ਪੱਖੋਂ ਮੁਕੰਮਲ ਕਰਨ ਉਪਰੰਤ ਮਿਤੀ 18-01-2024 ਤੱਕ ਬੋਰਡ ਦੀ ਸਿੰਗਲ ਵਿੰਡੋ ਸ਼ਾਖਾ,ਮੁੱਖ ਦਫਤਰ, ਪੰਜਾਬ ਸਕੂਲ ਸਿੱਖਿਆ ਬੋਰਡ, ਐਸ.ਏ.ਐਸ.ਨਗਰ ਵਿਖੇ ਪ੍ਰਾਪਤ ਕੀਤੇ ਜਾਣਗੇ। ਰੋਲ ਨੰਬਰ ਬੋਰਡ ਦੀ ਵੈਬਸਾਈਟ ਤੇ ਮਿਤੀ 25-01-2024 ਤੋਂ ਉਪਲਬੱਧ ਹੋਣਗੇ।

ਪ੍ਰੀਖਿਆ ਫਾਰਮ ਜਮ੍ਹਾਂ ਕਰਵਾਉਣ ਸਮੇਂ ਸਬੰਧਤ ਪ੍ਰੀਖਿਆਰਥੀ ਆਪਣੇ ਦਸਵੀਂ ਪਾਸ ਅਸਲ ਸਰਟੀਫਿਕੇਟ ,ਫੋਟੋ ਪਹਿਚਾਣ ਪੱਤਰ ਅਤੇ ਉਨ੍ਹਾਂ ਦੀਆਂ ਤਸਦੀਕ ਸ਼ੁਦਾ ਫੋਟੋਕਾਪੀਆਂ ਨਾਲ ਲੈ ਕੇ ਆਉਣ । ਨਿਰਧਾਰਿਤ ਮਿਤੀ ਤੱਕ ਪ੍ਰੀਖਿਆ ਫਾਰਮ ਦੀ ਤਸਦੀਕਸ਼ੁਦਾ ਹਾਰਡ ਕਾਪੀ ,ਦਸਵੀਂ ਪਾਸ ਦੇ ਸਰਟੀਫਿਕੇਟ ਦੀ ਤਸਦੀਕਸ਼ੁਦਾ ਕਾਪੀ ਅਤੇ ਆਧਾਰ ਕਾਰਡ, ਮੁੱਖ ਦਫਤਰ ਵਿਖੇ ਜਮ੍ਹਾਂ ਕਰਵਾਉਣੇ ਲਾਜ਼ਮੀ ਹਨ। ਅਜਿਹਾ ਨਾ ਕਰਨ ਤੇ ਸਬੰਧਤ ਪ੍ਰੀਖਿਆਰਥੀ ਦਾ ਰੋਲ ਨੰਬਰ ਜਾਰੀ ਨਹੀਂ ਕੀਤਾ ਜਾਵੇਗਾ, ਜਿਸ ਦੀ ਸਮੁੱਚੀ ਜਿੰਮੇਵਾਰੀ ਸਬੰਧਤ ਪ੍ਰੀਖਿਆਰਥੀ ਦੀ ਹੋਵੇਗੀ। ਪ੍ਰੀਖਿਆ ਸਬੰਧੀ ਹੋਰ ਜਾਣਕਾਰੀ ਲਈ ਬੋਰਡ ਦੀ ਵੈਬਸਾਈਟ ਵੇਖੀ ਜਾਵੇ।

(ਡਾ: ਗੁਰਮੀਤ ਕੌਰ)

ਉਪ ਸਕੱਤਰ(ਪ੍ਰੀ-ਦਸਵੀਂ/ਗੁਪਤ)